ਟੋਡੀ ਮਹਲਾ ੫ ॥ ਪ੍ਰਭ ਜੀ ਕੋ ਨਾਮੁ ਮਨਹਿ ਸਾਧਾਰੈ ॥ ਜੀਅ ਪ੍ਰਾਨ ਸੂਖ ਇਸੁ ਮਨ ਕਉ ਬਰਤਨਿ ਏਹ ਹਮਾਰੈ ॥੧॥ ਰਹਾਉ ॥ ਨਾਮੁ ਜਾਤਿ ਨਾਮੁ ਮੇਰੀ ਪਤਿ ਹੈ ਨਾਮੁ ਮੇਰੈ ਪਰਵਾਰੈ ॥ ਨਾਮੁ ਸਖਾਈ ਸਦਾ ਮੇਰੈ ਸੰਗਿ ਹਰਿ ਨਾਮੁ ਮੋ ਕਉ ਨਿਸਤਾਰੈ ॥ ੧॥ ਬਿਖੈ ਬਿਲਾਸ ਕਹੀਅਤ ਬਹੁਤੇਰੇ ਚਲਤ ਨ ਕਛੂ ਸੰਗਾਰੈ ॥ ਇਸਟੁ ਮੀਤੁ ਨਾਮੁ ਨਾਨਕ ਕੋ ਹਰਿ ਨਾਮੁ ਮੇਰੈ ਭੰਡਾਰੈ ॥੨॥੨॥੭॥ {ਪੰਨਾ 713}

ਪਦਅਰਥ:- ਕੋ—ਦਾ। ਮਨਹਿ—ਮਨ ਨੂੰ। ਸਾਧਾਰੈ—ਆਧਾਰ-ਸਹਿਤ ਕਰਦਾ ਹੈ, ਆਸਰਾ ਦੇਂਦਾ ਹੈ। ਜੀਅ—ਜਿੰਦ। ਕਉ—ਦੇ ਵਾਸਤੇ। ਬਰਤਨਿ—ਹਰ ਵੇਲੇ ਕੰਮ ਆਉਣ ਵਾਲੀ ਚੀਜ਼। ਹਮਾਰੈ—ਮੇਰੇ ਵਾਸਤੇ।1। ਰਹਾਉ।

ਪਤਿ—ਇੱਜ਼ਤ। ਪਰਵਾਰੈ—ਪਰਵਾਰ, ਟੱਬਰ। ਸਖਾਈ—ਮਿੱਤਰ, ਸਾਥੀ। ਸੰਗਿ—ਨਾਲ। ਮੋ ਕਉ—ਮੈਨੂੰ। ਕਉ—ਨੂੰ। ਨਿਸਤਾਰੈ—ਪਾਰ ਲੰਘਾਂਦਾ ਹੈ।1।

ਬਿਖੈ ਬਿਲਾਸ—ਵਿਸ਼ਿਆਂ ਦੇ ਭੋਗ। ਕਹੀਅਤ—ਕਹੇ ਜਾਂਦੇ ਹਨ। ਚਲਤ—ਚੱਲਦਾ, ਜਾਂਦਾ। ਕਛੂ—ਕੁਝ ਭੀ। ਸੰਗਾਰੈ—ਸੰਗਿ, ਨਾਲ। ਇਸਟੁ—ਪਿਆਰਾ। ਕੋ—ਦਾ। ਭੰਡਾਰੈ—ਖ਼ਜ਼ਾਨੇ ਵਿਚ।2।

ਅਰਥ:- ਹੇ ਭਾਈ! ਪ੍ਰਭੂ ਜੀ ਦਾ ਨਾਮ (ਹੀ) ਮਨ ਨੂੰ ਆਸਰਾ ਦੇਂਦਾ ਹੈ। ਨਾਮ ਹੀ ਇਸ ਮਨ ਦੇ ਵਾਸਤੇ ਜਿੰਦ-ਜਾਨ ਹੈ, ਤੇ, ਸੁਖ ਹੈ। ਮੇਰੇ ਵਾਸਤੇ ਤਾਂ ਹਰਿ-ਨਾਮ ਹੀ ਹਰ ਵੇਲੇ ਕੰਮ ਆਉਣ ਵਾਲੀ ਚੀਜ਼ ਹੈ।1। ਰਹਾਉ।

ਹੇ ਭਾਈ! ਪ੍ਰਭੂ ਦਾ ਨਾਮ (ਹੀ ਮੇਰੇ ਵਾਸਤੇ ਉੱਚੀ) ਜਾਤਿ ਹੈ, ਹਰਿ-ਨਾਮ ਹੀ ਮੇਰੀ ਇੱਜ਼ਤ ਹੈ, ਹਰਿ-ਨਾਮ ਹੀ ਮੇਰਾ ਪਰਵਾਰ ਹੈ। ਪ੍ਰਭੂ ਦਾ ਨਾਮ (ਹੀ ਮੇਰਾ) ਮਿੱਤਰ ਹੈ (ਜੋ) ਸਦਾ ਮੇਰੇ ਨਾਲ ਰਹਿੰਦਾ ਹੈ। ਪਰਮਾਤਮਾ ਦਾ ਨਾਮ (ਹੀ) ਮੈਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਵਾਲਾ ਹੈ।1।

ਹੇ ਭਾਈ! ਵਿਸ਼ਿਆਂ ਦੇ ਭੋਗ ਬਥੇਰੇ ਦੱਸੇ ਜਾਂਦੇ ਹਨ, ਪਰ ਕੋਈ ਭੀ ਚੀਜ਼ ਮਨੁੱਖ ਦੇ ਨਾਲ ਨਹੀਂ ਜਾਂਦੀ। (ਇਸ ਵਾਸਤੇ) ਨਾਨਕ ਦਾ ਸਭ ਤੋਂ ਪਿਆਰਾ ਮਿੱਤਰ ਪ੍ਰਭੂ ਦਾ ਨਾਮ (ਹੀ) ਹੈ। ਪ੍ਰਭੂ ਦਾ ਨਾਮ ਹੀ ਮੇਰੇ ਖ਼ਜ਼ਾਨੇ ਵਿਚ (ਧਨ) ਹੈ।2। 2।7।